# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਕ ਖਬਰਾਂ ਪੰਜਾਬੀ

**13:10**

**ਮਿਤੀ : 16-10-2026**

ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵਧ ਰਹੇ ਖ਼ਤਰੇ 'ਤੇ ਚਿੰਤਾ ਪ੍ਰਗਟ ਕੀਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਅਮਿਤ ਸ਼ਾਹ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੂੰ ਪੁੱਛਿਆ ਏ ਕਿ ਪੰਜਾਬ ਦੇ ਲੋਕਾਂ ਦੀ ਸੁਰੱਖਿਆ ਕੌਣ ਯਕੀਨੀ ਬਣਾਏਗਾ। ਇਸ ਦੇ ਨਾਲ ਹੀ, ਗ੍ਰਿਹ ਮੰਤਰੀ ਨੇ ਸੂਬੇ ਦੇ ਲੋਕਾਂ ਨੂੰ ਆਪਣਾ ਸੰਕਲਪ ਦੁਹਰਾਇਆ ਏ ਕਿ ਜੇਕਰ BJP ਸਰਕਾਰ ਬਣਾਉਂਦੀ ਏ , ਤਾਂ ਪਾਰਟੀ ਨਸ਼ਾ ਮੁਕਤ, ਗੈਂਗਸਟਰ ਮੁਕਤ, ਸੁਰੱਖਿਅਤ

ਪੰਜਾਬ ਬਣਾਉਣ ਲਈ ਆਪਣੀ ਪੂਰੀ ਤਾਕਤ ਨਾਲ ਕੰਮ ਕਰੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦਾ ਟੀਚਾ ਸਪੱਸ਼ਟ ਏ -ਕਿ ਨਸ਼ਿਆਂ ਦੇ ਵਪਾਰ 'ਤੇ ਹਮਲਾ ਕਰਨਾ, ਨੌਜਵਾਨਾਂ ਦੇ ਭਵਿੱਖ ਦੀ ਰੱਖਿਆ ਕਰਨਾ, ਅਪਰਾਧੀਆਂ ਖਿਲਾਫ ਸਖ਼ਤ ਕਾਰਵਾਈ ਕਰਨਾ ਅਤੇ ਕਾਨੂੰਨ ਦਾ ਅਜਿਹਾ ਰਾਜ ਯਕੀਨੀ ਬਣਾਉਣਾ ਜਿਸ ਵਿੱਚ ਕੋਈ ਵੀ ਨਾਗਰਿਕ ਡਰ ਨਾਲ ਰਹਿਣ ਲਈ ਮਜਬੂਰ ਨਾ ਹੋਵੇ। ਵੇਰਵੇ ਨਾਲ ਇਕ ਰਿਪੋਰਟ :RNU161020

-----------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਸੂਬੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਅੱਜ ਫਿਲੌਰ ਵਿਖੇ ਸੀਨੀਅਰ ਸਿਵਲ ਅਤੇ ਪੁਲਿਸ ਅਧਿਕਾਰੀਆਂ ਦੀ ਇੱਕ ਉੱਚ ਪੱਧਰੀ ਮੀਟਿੰਗ ਬੁਲਾਈ ਏ । ਇਹ ਮੀਟਿੰਗ ਬੀਤੇ ਮੰਗਲਵਾਰ ਨੂੰ ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਦਿਨ ਦਿਹਾੜੇ ਹੋਏ ਕਤਲ ਤੋਂ ਬਾਅਦ ਬੁਲਾਈ ਗਈ ਏ ।

ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ, ਸੀਨੀਅਰ ਪੁਲਿਸ ਸੁਪਰਡੈਂਟਾਂ ਅਤੇ ਹੋਰ ਸੀਨੀਅਰ ਅਧਿਕਾਰੀਆਂ ਦੇ ਮੀਟਿੰਗ ਵਿੱਚ ਸ਼ਾਮਲ ਹੋਣ ਦੀ ਉਮੀਦ ਏ। ਮੁੱਖ ਮੰਤਰੀ ਵੱਲੋਂ ਪੰਜਾਬ ਪੁਲਿਸ ਦੀ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਦੀ ਵੀ ਸਮੀਖਿਆ ਕਰਨ ਦੀ ਸੰਭਾਵਨਾ ਏ ।

---------------------------------------------------------------------

ਕੇਂਦਰ ਨੇ ਪੰਜਾਬ ਨੂੰ ਭਰੋਸਾ ਦਿੱਤਾ ਏ ਕਿ ਸੂਬੇ ਵਿੱਚ ਬਿਜਲੀ ਅਤੇ ਕੋਲੇ ਦੀ ਸਪਲਾਈ ਦੀ ਕੋਈ ਕਮੀ ਨਹੀਂ ਆਵੇਗੀ। ਇਹ ਭਰੋਸਾ ਕੇਂਦਰੀ ਬਿਜਲੀ ਮੰਤਰੀ ਮਨੋਹਰ ਲਾਲ ਖੱਟਰ ਵੱਲੋਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਕੱਲ੍ਹ ਹੋਈ ਮੁਲਾਕਾਤ ਦੌਰਾਨ ਦਿੱਤਾ ਗਿਆ। ਸ੍ਰੀ ਮਾਨ ਨੇ ਕਿਹਾ ਕਿ, ਪੰਜਾਬ ਇਸ ਸਾਲ ਕੇਂਦਰੀ ਭੰਡਾਰ ਵਿੱਚ 180 ਲੱਖ ਮੀਟ੍ਰਿਕ ਟਨ ਚੌਲ ਸਪਲਾਈ ਕਰ ਰਿਹਾ ਏ, ਜਿਸ ਲਈ ਸੂਬੇ ਨੂੰ ਦੇਸ਼ ਦੇ ਅਨਾਜ ਭੰਡਾਰਾਂ ਵਿੱਚ, ਆਪਣਾ ਯੋਗਦਾਨ ਜਾਰੀ ਰੱਖਣ ਵਾਸਤੇ, ਭਰੋਸੇਯੋਗ ਬਿਜਲੀ

ਸਪਲਾਈ ਦੀ ਬਹੁਤ ਲੋੜ ਏ। ਸ਼ਾਹਪੁਰ ਕੰਡੀ ਡੈਮ ਦੇ ਸਬੰਧ ਵਿੱਚ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਵਾਰ-ਵਾਰ ਭੇਜੇ ਗਏ ਨੋਟਿਸਾਂ ਬਾਰੇ ਵੀ ਚਰਚਾ ਕੀਤੀ ਗਈ। ਮੁੱਖ ਮੰਤਰੀ ਨੇ ਕਿਹਾ ਕਿ ਇੱਕ ਵਾਰ ਡੈਮ ਬਣ ਜਾਣ ਤੋਂ ਬਾਅਦ, ਸੂਬੇ ਨੂੰ ਵਾਤਾਵਰਣ ਸਬੰਧੀ ਅਧਿਕਾਰੀਆਂ ਜਾਂ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਵਾਰ-ਵਾਰ ਨੋਟਿਸਾਂ ਦਾ ਸਾਹਮਣਾ ਨਹੀਂ ਕਰਨਾ ਪਏਗਾ। ਸ੍ਰੀ ਮਾਨ ਨੇ ਕਿਹਾ ਕਿ ਪੰਜਾਬ, ਦੇਸ਼ ਦੇ ਕੁੱਲ ਪਣ-ਬਿਜਲੀ ਉਤਪਾਦਨ ਵਿੱਚ ਲਗਭਗ 40 ਫੀਸਦੀ ਯੋਗਦਾਨ ਪਾਉਂਦਾ ਏ, ਅਤੇ ਸਾਡੇ ਪਣ-ਬਿਜਲੀ ਪ੍ਰੋਜੈਕਟਾਂ ਦਾ ਸੁਚਾਰੂ ਢੰਗ ਨਾਲ ਚੱਲਣਾ, ਸੂਬੇ ਦੇ ਨਾਲ-ਨਾਲ, ਦੇਸ਼ ਲਈ ਵੀ ਮਹੱਤਵਪੂਰਨ ਏ। ਉਨ੍ਹਾਂ ਨੇ ਕੇਂਦਰੀ ਬਿਜਲੀ ਮੰਤਰੀ ਨੂੰ, ਪੰਜਾਬ ਵਿੱਚ ਰਣਜੀਤ ਸਾਗਰ ਅਤੇ ਸ਼ਾਹਪੁਰ ਕੰਡੀ ਡੈਮ ਪ੍ਰੋਜੈਕਟਾਂ ਦਾ ਦੌਰਾ ਕਰਨ ਦਾ ਵੀ ਸੱਦਾ ਦਿੱਤਾ।

---

ਚੰਡੀਗੜ੍ਹ ਦੀ ਮਸ਼ਹੂਰ ਸੁਖਨਾ ਜਲਗਾਹ ਨੇ 'ਰਾਮਸਰ ਸਾਈਟ'

ਵਜੋਂ ਅੰਤਰਰਾਸ਼ਟਰੀ ਮਾਨਤਾ ਹਾਸਿਲ ਕੀਤੀ ਏ। ਇਹ ਮਾਨਤਾ ਇਸਦੀ ਸਾਂਭ-ਸੰਭਾਲ, ਵਿਸ਼ਵ-ਵਿਆਪੀ ਵਿਗਿਆਨਕ ਨਿਗਰਾਨੀ ਅਤੇ ਈਕੋ-ਟੂਰਿਜ਼ਮ ਵੱਲ ਵਧੇਰੇ ਅੰਤਰ-ਰਾਸ਼ਟਰੀ ਧਿਆਨ ਖਿਚੇਗੀ। ਸੁਖਨਾ ਜਲਗਾਹ ਇੱਕ ਅਜਿਹੀ ਜਲਗਾਹ ਏ, ਜੋ ਖੁੱਲ੍ਹੇ ਪਾਣੀ ਤੋਂ ਲੈ ਕੇ ਕੰਢੇ ਦੀ ਬਨਸਪਤੀ, ਝਾੜੀਆਂ ਅਤੇ ਜੰਗਲ ਤੱਕ ਵੱਖ-ਵੱਖ ਤਰ੍ਹਾਂ ਦੇ ਪੌਦਿਆਂ ਅਤੇ ਜੀਵ-ਜੰਤੂਆਂ ਲਈ ਟਿਕਾਣਾ ਪ੍ਰਦਾਨ ਕਰਦੀ ਏ। ਇਹ ਇੱਥੇ ਰਹਿਣ ਵਾਲੇ ਜਲ-ਪੰਛੀਆਂ ਅਤੇ 'ਕੇਂਦਰੀ ਏਸ਼ੀਆ ਤੋਂ ਆਉਣ ਵਾਲੇ ਹੋਰ ਪੰਛੀਆਂ ਲਈ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਏ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਦੇ ਲੋਕਾਂ, ਵਾਤਾਵਰਣ ਪ੍ਰੇਮੀਆਂ, ਮਾਹਿਰਾਂ, ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਅਤੇ ਹੋਰ ਸਬੰਧਤ ਵਿਅਕਤੀਆਂ ਨੂੰ ਇਸ ਵਿਲੱਖਣ ਕੁਦਰਤੀ ਸਥਾਨ ਦੀ ਰਾਖੀ ਲਈ ਦਿਖਾਏ ਗਏ ਅਟੁੱਟ ਸਮਰਪਣ

ਵਾਸਤੇ ਵਧਾਈ ਦਿੱਤੀ ਏ।

-------------------------------------------------------------

ਅਟਾਰੀ-ਵਾਹਗਾ ਸਰਹੱਦ ’ਤੇ ਰਿਟਰੀਟ ਸੈਰੇਮਨੀ ਯਾਨੀ ਕੌਮੀ ਝੰਡਾ ਉਤਾਰਨ ਦੀ ਰਸਮ ਦੇ ਸਮੇਂ ਵਿੱਚ ਮੌਸਮ ਵਿੱਚ ਬਦਲਾਅ ਦੇ ਚੱਲਦਿਆਂ ਤਬਦੀਲੀ ਕੀਤੀ ਗਈ ਏ । ਬੀ.ਐੱਸ.ਐੱਫ ਅਧਿਕਾਰੀਆਂ ਵੱਲੋਂ ਦਿੱਤੀ ਗਈ ਜਾਣਕਾਰੀ ਤਹਿਤ ਇਸ ਤਬਦੀਲੀ ਮੁਤਾਬਿਕ ਰਿਟਰੀਟ ਸੈਰੇਮਨੀ ਕੱਲ੍ਹ ਸ਼ਾਮ 5 ਵਜੇ ਤੋਂ ਸਾਢੇ 5 ਵਜੇ ਤੱਕ ਹੋਵੇਗੀ । ਪਹਿਲਾਂ ਰਿਟਰੀਟ ਸੈਰੇਮਨੀ ਦਾ ਸਮਾਂ ਸ਼ਾਮ ਸਾਢੇ 5 ਵਜੇ ਤੋਂ 6 ਵਜੇ ਤੱਕ ਸੀ।

-------------------------------------------------------------

ਮੇਰਾ ਯੁਵਾ ਭਾਰਤ, ਬਠਿੰਡਾ, ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨਥਾਣਾ ਵਿਖੇ ਅੰਤਰ-ਰਾਸ਼ਟਰੀ ਆਫ਼ਤ ਜੋਖਮ ਘਟਾਓ ਦਿਹਾੜਾ ਮਨਾਇਆ ਗਿਆ। ਜ਼ਿਲ੍ਹਾ ਯੁਵਾ ਅਧਿਕਾਰੀ ਮਿਸ਼ਾ ਨੇ ਦੱਸਿਆ ਕਿ es ਦਾ ਮੁੱਖ ਮੰਤਵ ਲੋਕਾਂ ਨੂੰ ਕੁਦਰਤੀ ਅਤੇ ਮਨੁੱਖੀ ਗਤੀਵਿਧੀਆਂ ਕਾਰਨ ਪੈਦਾ ਹੋਣ ਵਾਲੀਆਂ ਆਫ਼ਤਾਂ ਦੇ ਜੋਖਮਾਂ

ਪ੍ਰਤੀ ਜਾਗਰੂਕ ਕਰਨਾ ਅਤੇ ਜਾਨੀ-ਮਾਲੀ ਨੁਕਸਾਨ ਨੂੰ ਘਟਾਉਣ ਲਈ ਲੋੜੀਂਦੇ ਉਪਰਾਲਿਆਂ ਬਾਰੇ ਜਾਣਕਾਰੀ ਦੇਣਾ ਏ ।

ਅਧਿਆਪਕ ਹਰਮਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਭੂਚਾਲ, ਹੜ੍ਹਾਂ ਅਤੇ ਹੋਰ ਕੁਦਰਤੀ ਆਫ਼ਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਫ਼ਤ ਦੇ ਸਮੇਂ ਸੁਰੱਖਿਆ ਉਪਾਅ ਅਪਣਾਉਣ, ਸਾਵਧਾਨੀਆਂ ਵਰਤਣ ਅਤੇ ਆਫ਼ਤਾਂ ਦੇ ਜੋਖਮ ਨੂੰ ਘਟਾਉਣ ਦੇ ਤਰੀਕਿਆਂ ਬਾਰੇ ਜਾਗਰੂਕ ਕੀਤਾ। ਪ੍ਰੋਗਰਾਮ ਦੌਰਾਨ ਲਗਭਗ 100 ਵਿਦਿਆਰਥੀਆਂ ਲਈ ਲੇਖ ਲਿਖਣ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ।

-------------------------------------------------------------------

ਭਾਰਤੀ ਮਹਿਲਾ ਕ੍ਰਿਕਟ ਟੀਮ ਅੱਜ ਰਾਏਪੁਰ ਵਿੱਚ ਜ਼ਿੰਬਾਬਵੇ ਖਿਲਾਫ਼ ਤਿੰਨ 20-20 ਮੈਚਾਂ ਦੀ ਲੜੀ ਦਾ ਪਹਿਲਾ ਮੈਚ ਖੇਡੇਗੀ। ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮੀਂ 7 ਵਜੇ ਸ਼ੁਰੂ ਹੋਵੇਗਾ। ਲੜੀ ਦਾ ਦੂਜਾ ਮੈਚ 18 ਅਕਤੂਬਰ ਨੂੰ ਅਤੇ ਤੀਜਾ ਮੈਚ 20 ਅਕਤੂਬਰ ਨੂੰ

ਹੋਵੇਗਾ। ਮਹਿਲਾ ਦਰਸ਼ਕਾਂ ਨੂੰ ਸਾਰੇ ਤਿੰਨੋਂ ਮੈਚਾਂ ਲਈ, ਸਟੇਡੀਅਮ ਵਿੱਚ ਮੁਫ਼ਤ ਦਾਖਲਾ ਦਿੱਤਾ ਜਾਵੇਗਾ। 20-20 ਸੀਰੀਜ਼ ਤੋਂ ਬਾਅਦ, ਦੋਵਾਂ ਟੀਮਾਂ ਵਿਚਕਾਰ, ਤਿੰਨ ਇੱਕ ਰੋਜ਼ਾ ਅੰਤਰ-ਰਾਸ਼ਟਰੀ ਮੈਚ ਵੀ ਖੇਡੇ ਜਾਣਗੇ।